ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਰਾਹੀਂ ਲਗਭੱਗ ਇੱਕ ਲੱਖ ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਦੇ 6.29 ਲੱਖ ਪੰਨੇ ਮੁਹੱਈਆ ਕਰਵਾਏ ਗਏ-ਗਿੱਲ**

- **ਫ਼ਰਦਾਂ ਤੋਂ ਕਰੀਬ 1.26 ਕਰੋੜ ਰੁਪਏ ਦੀ ਸਰਕਾਰੀ ਫ਼ੀਸ ਦੀ ਹੋਈ ਵਸੂਲੀ**
- **ਫ਼ਰਦ ਕੇਂਦਰ ਜ਼ਮੀਨ ਮਾਲਕਾਂ ਲਈ ਹੋ ਰਹੇ ਨੇ ਅਤੀ ਸਹਾਈ ਸਾਬਤ**

ਮੋਗਾ 22 ਜਨਵਰੀ:

ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਅਤੇ ਹੋਰ ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਹਾਸਲ ਕਰਨ ਅਤੇ ਜ਼ਮੀਨ ਦੀਆਂ ਫ਼ਰਦਾਂ ਆਦਿ ਲੈਣ ਲਈ ਜ਼ਿਲ੍ਹਾ ਪੱਧਰ, ਸਬ-ਡਵੀਜ਼ਨ ਅਤੇ ਸਬ-ਤਹਿਸੀਲ ਪੱਧਰ 'ਤੇ ਖੋਲ੍ਹੇ ਗਏ ਫ਼ਰਦ ਕੇਂਦਰ ਜ਼ਮੀਨ ਮਾਲਕਾਂ ਲਈ ਅਤੀ ਸਹਾਈ ਸਾਬਤ ਹੋ ਰਹੇ ਹਨ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਫ਼ਰਦ ਕੇਂਦਰਾਂ ਰਾਹੀਂ ਜਮੀਨ ਮਾਲਕਾਂ ਨੂੰ 20 ਰੁਪਏ ਪ੍ਰਤੀ ਪੰਨਾ ਵਸੂਲ ਕੇ 15 ਮਿੰਟਾਂ 'ਚ ਫ਼ਰਦ ਮੁਹੱਈਆ ਕਰਵਾ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਚੱਲ ਰਹੇ 5 ਫ਼ਰਦ ਕੇਂਦਰਾਂ ਰਾਹੀਂ 1 ਜਨਵਰੀ, 2015 ਤੋਂ 31 ਦਸੰਬਰ, 2015 ਤੱਕ 1,00,099 ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਦੇ 6,29,512 ਪੰਨੇ ਮੁਹੱਈਆ ਕਰਵਾਏ ਜਾ ਚੁੱਕੇ ਹਨ ੳਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਵਿੱਚ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਬੱਧਨੀ ਕਲਾਂ ਵਿਖੇ ਫ਼ਰਦ ਕੇਂਦਰ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਅਤੇ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੀ ਲੋਕਾਂ ਨੂੰ ਪਾਰਦਰਸ਼ੀ ਪ੍ਰਸ਼ਾਸ਼ਨ ਦੇਣ ਦੀ ਉਸਾਰੂ ਸੋਚ ਸਦਕਾ ਫ਼ਰਦ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਸਿੱਧੇ ਤੌਰ 'ਤੇ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸ਼ਨ, ਜ਼ਿਲ੍ਹਾ ਵਾਸੀਆਂ ਨੂੰ ਸਾਫ਼-ਸੁਥਰਾ ਪ੍ਰਸ਼ਾਸ਼ਨ ਦੇਣ ਲਈ ਵਚਨਬੱਧ ਹੈ। ਇਸ ਮੌਕੇ ਫ਼ਰਦ ਕੇਂਦਰ ਜ਼ਿਲ੍ਹਾ ਸਿਸਟਮ ਮੈਨੇਜਰ ਸੁਰਿੰਦਰ ਅਰੋੜਾ ਵੀ ਮੌਜੂਦ ਸਨ।

ਸ. ਗਿੱਲ ਨੇ ਦੱਸਿਆ ਕਿ ਇਹ ਫ਼ਰਦ ਕੇਂਦਰ ਕਿਸਾਨਾਂ ਲਈ ਵਰਦਾਨ ਸਿੱਧ ਹੋ ਰਹੇ ਹਨ, ਕਿਉਂਕਿ ਜ਼ਮੀਨ ਮਾਲਕਾਂ ਨੂੰ ਹੁਣ ਫ਼ਰਦਾਂ ਆਦਿ ਲੈਣ ਲਈ ਪਟਵਾਰੀਆਂ ਜਾਂ ਮਾਲ ਵਿਭਾਗ ਦੇ ਹੋਰਨਾਂ ਦਫ਼ਤਰਾਂ ਦੇ ਚੱਕਰ ਕੱਟਣੇ ਨਹੀਂ ਪੈਂਦੇ, ਸਗੋਂ ਖੋਲ੍ਹੇ ਗਏ ਫ਼ਰਦ ਕੇਂਦਰਾਂ ਵਿੱਚ ਜ਼ਿਮੀਦਾਰ ਜ਼ਮੀਨੀ ਰਿਕਾਰਡ ਜਾਂ ਫ਼ਰਦ ਦੀ ਨਕਲ ਆਦਿ ਨਾ-ਮਾਤਰ ਫ਼ੀਸ ਦੀ ਅਦਾਇਗੀ ਕਰਕੇ ਮਿੰਟਾਂ ਵਿੱਚ ਹੀ ਹਾਸਲ ਕਰ ਲੈਂਦੇ ਹਨ, ਜਿਸ ਨਾਲ ਹੁਣ ਲੋਕਾਂ ਨੂੰ ਖੱਜਲ-ਖੁਆਰ ਨਹੀਂ ਹੋਣਾ ਪੈਂਦਾ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਫ਼ਰਦ ਕੇਂਦਰਾਂ 'ਚ ਜਿੱਥੇ ਲੋਕਾਂ ਦਾ ਸਮਾਂ ਬਰਬਾਦ ਨਹੀਂ ਹੁੰਦਾ, ਉੱਥੇ ਬਿਨ੍ਹਾਂ ਕਿਸੇ ਰਿਸ਼ਵਤ ਦਿੱਤਿਆਂ ਪਾਰਦਰਸ਼ੀ ਤੇ ਆਸਾਨ ਢੰਗ ਨਾਲ ਜ਼ਮੀਨ ਮਾਲਕ ਨੂੰ ਜ਼ਮੀਨੀ ਰਿਕਾਰਡ ਦੀ ਨਕਲ ਪ੍ਰਾਪਤ ਹੋ ਜਾਂਦੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਕੁੱਲ 331 ਪਿੰਡਾਂ ਵਿੱਚੋਂ 323 ਪਿੰਡਾਂ ਦਾ ਜ਼ਮੀਨੀ ਰਿਕਾਰਡ ਆਨ-ਲਾਈਨ ਹੋ ਚੁੱਕਾ ਹੈ ਅਤੇ ਬਾਕੀ ਰਹਿੰਦੇ 8 ਪਿੰਡਾਂ ਦੀ ਡਾਟਾ ਐਂਟਰੀ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਜਲਦੀ ਹੀ ਜ਼ਿਲ੍ਹੇ ਦੇ 100 ਫ਼ੀਸਦੀ ਪਿੰਡ ਆਨ-ਲਾਈਨ ਹੋ ਜਾਣਗੇ। ਉਨ੍ਹਾਂ ਦੱਸਿਆ ਕਿ 1 ਜਨਵਰੀ, 2015 ਤੋਂ 31 ਦਸੰਬਰ, 2015 ਤੱਕ ਜ਼ਿਲ੍ਹਾ ਪੱਧਰੀ ਫ਼ਰਦ ਕੇਂਦਰ ਮੋਗਾ ਤੋਂ 29,931 ਜ਼ਮੀਨ ਮਾਲਕਾਂ ਨੂੰ 1,82,154 ਪੰਨੇ ਨਕਲਾਂ ਜਾਰੀ ਕੀਤੀਆਂ ਗਈਆਂ। ਇਸ ਤੋਂ ਇਲਾਵਾ ਫ਼ਰਦ ਕੇਂਦਰ ਬਾਘਾਪੁਰਾਣਾ ਤੋਂ 23,110 ਜ਼ਮੀਨ ਮਾਲਕਾਂ ਨੂੰ 1,62,427 ਪੰਨੇ, ਨਿਹਾਲ ਸਿੰਘ ਵਾਲਾ ਤੋਂ 17,164 ਜ਼ਮੀਨ ਮਾਲਕਾਂ ਨੂੰ 1,02,858 ਪੰਨੇ, ਧਰਮਕੋਟ ਤੋਂ 23,200 ਜ਼ਮੀਨ ਮਾਲਕਾਂ ਨੂੰ 1,50,579 ਪੰਨੇ ਅਤੇ ਫ਼ਰਦ ਕੇਂਦਰ ਬੱਧਨੀ ਕਲਾਂ ਤੋਂ 6,694 ਜ਼ਮੀਨ ਮਾਲਕਾਂ ਨੂੰ 31,494 ਪੰਨੇ ਨਕਲਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਫ਼ਰਦਾਂ ਤੋਂ 1,25,90,240 ਰੁਪਏ ਦੀ ਸਰਕਾਰੀ ਫ਼ੀਸ ਦੀ ਵਸੂਲੀ ਹੋਈ ਹੈ। ਜ਼ਿਲ੍ਹਾ ਸਿਸਟਮ ਮੈਨੇਜਰ ਪੰਜਾਬ ਲੈਂਡ ਰਿਕਾਰਡ ਸੋਸਾਇਟੀ ਸੁਰਿੰਦਰ ਅਰੋੜਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਤੋਂ ਕਿਸਾਨਾਂ ਨੂੰ ਵਿਸ਼ੇਸ਼ ਸਟੇਸ਼ਨਰੀ ਤੇ ਪ੍ਰਿੰਟ ਕੀਤੀ ਹੋਈ ਤਸਦੀਕ-ਸ਼ੁਦਾ ਕਾਪੀ ਮੁਹੱਈਆ ਕਰਵਾਈ ਜਾਂਦੀ ਹੈ।

-------------

ਨੰ: ਪੀ.ਆਰ(ਪ੍ਰੈ ਰੀ)2016/35

**ਕੈਪਸ਼ਨ–** ਫ਼ਰਦ ਕੇਂਦਰ ਮੋਗਾ ਤੋਂ ਜ਼ਮੀਨੀ ਰਿਕਾਰਡ ਦੀਆਂ ਨਕਲਾਂ ਪ੍ਰਾਪਤ ਕਰ ਰਹੇ ਲੋਕ।

